# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :02-02-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਕਿਹਾ, ਸਰਕਾਰ ਵਿਦਿਆਰਥਣਾਂ ਦੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਸਮਰੱਥ ਬਣਾਉਣ ਲਈ ਵਚਨਬੱਧ।

- ਸੁਪਰੀਮ ਕੋਰਟ ਨੇ ਅੱਜ ਸ਼ਿਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਮਨਜ਼ੂਰ ਕੀਤੀ।

- ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ, ਚੰਦਨ ਗਰੇਵਾਲ ਨੇ ਕਿਹੈ ਕਿ ਸਫ਼ਾਈ ਕਰਮਚਾਰੀਆਂ ਦੀ ਭਲਾਈ ਯਕੀਨੀ ਬਣਾਉਣ ’ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

- ਭਾਰਤੀ ਖਿਡਾਰਨਾਂ ਹਰਮਨਪ੍ਰੀਤ ਕੌਰ, ਸਮ੍ਰਿਤੀ ਮੰਧਾਨਾ ਅਤੇ ਸ਼ਤਰੰਜ ਮਾਹਿਰ ਦਿਵਿਆ ਦੇਸ਼ਮੁਖ 2025 BBC Indian Sportswoman of the Year Awards ਲਈ ਨਾਮਜ਼ਦ.

- ਭਾਰਤੀ ਮੌਸਮ ਵਿਭਾਗ ਵਲੋਂ ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ.

### *ਹੁਣ ਖਬਰਾਂ ਵਿਸਥਾਰ ਨਾਲ*

ਸਰਕਾਰ ਨੇ ਕਿਹਾ ਏ ਕਿ ਇਸ ਸਮੇਂ ਦੇਸ਼ ਭਰ ਦੇ ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ ਵਿੱਚ, ਸੱਤ ਲੱਖ ਤੋਂ ਵੱਧ ਵਿਦਿਆਰਥਣਾਂ ਪੜ੍ਹ ਰਹੀਆਂ ਨੇ। ਅੱਜ ਲੋਕ ਸਭਾ ਵਿੱਚ ਜਾਣਕਾਰੀ ਦਿੰਦਿਆਂ, ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਕਿਹਾ ਕਿ ਇਨ੍ਹਾਂ ਵਿੱਚੋਂ ਦੋ ਲੱਖ ਤੋਂ ਵੱਧ ਵਿਦਿਆਰਥਣਾਂ ਪੱਟੀਦਰਜ ਜਾਤਾਂ, ਇੱਕ ਲੱਖ 77 ਹਜ਼ਾਰ ਪੱਟੀਦਰਜ ਕਬੀਲਿਆਂ ਅਤੇ ਦੋ ਲੱਖ 64 ਹਜ਼ਾਰ ਹੋਰ ਪੱਛੜੇ ਵਰਗ ਤੋਂ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਕੂਲਾਂ ਦੀ ਸਥਾਪਨਾ ਦਾ ਉਦੇਸ਼, ਰਿਹਾਇਸ਼ੀ ਸਕੂਲਾਂ ਰਾਹੀਂ ਪਛੜੇ ਵਰਗਾਂ ਦੀਆਂ ਵਿਦਿਆਰਥਣਾਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਏ। ਸ਼੍ਰੀ ਪ੍ਰਧਾਨ ਨੇ ਕਿਹਾ ਕਿ ਸਰਕਾਰ ਵਿਦਿਆਰਥਣਾਂ ਦੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ

ਸਮਰੱਥ ਬਣਾਉਣ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਕੇਂਦਰੀ ਬਜਟ 2026-27 ਵਿੱਚ, ਸਰਕਾਰ ਨੇ ਦੇਸ਼ ਦੇ ਹਰ ਜ਼ਿਲ੍ਹੇ ਵਿੱਚ ਕੁੜੀਆਂ ਦੇ ਹੋਸਟਲ ਬਣਾਉਣ ਦਾ ਐਲਾਨ ਕੀਤਾ ਏ।

----------------------------------------------------------------

ਸੁਪਰੀਮ ਕੋਰਟ ਨੇ ਅੱਜ ਸ਼ਿਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਮਨਜ਼ੂਰ ਕਰ ਦਿੱਤੀ ਏ । ਜ਼ਿਕਰਯੋਗ ਏ ਕਿ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਆਮਦਨ ਤੋਂ ਵੱਧ ਅਸਾਸਿਆਂ ਦੇ ਮਾਮਲੇ ਵਿੱਚ ਗਿਰਫਤਾਰ ਕੀਤਾ ਗਿਆ ਸੀ. ਪਾਰਟੀ ਵਰਕਰਾਂ ਨੇ ਇਸ ਫੈਸਲੇ ਨੂੰ ਸੱਚ ਦੀ ਜਿੱਤ ਕਰਾਰ ਦਿੱਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਦਿੱਤੇ ਜਾਣ ਦੇ ਫੈਸਲੇ ਦਾ ਸਵਾਗਤ ਕੀਤਾ ਏ । ਐਡਵੋਕੇਟ ਧਾਮੀ ਨੇ ਕਿਹਾ ਕਿ ਸੁਪਰੀਮ ਕੋਰਟ ਦਾ ਇਹ ਇਕ ਚੰਗਾ ਫੈਸਲਾ ਏ, ਜਿਸ ਨਾਲ ਨਿਰਪੱਖ ਨਿਆਪ੍ਰਣਾਲੀ ’ਤੇ ਭਰੋਸਾ ਹੋਰ ਮਜ਼ਬੂਤ ਹੋਵੇਗਾ ।

----------------------------------------------------------------

ਪੰਜਾਬ ਵਿੱਚ, ਕੇਂਦਰੀ ਬਜਟ 2026-27 ਦਾ ਵਿਆਪਕ ਤੌਰ 'ਤੇ ਸਵਾਗਤ ਕੀਤਾ ਜਾ ਰਿਹਾ ਏ. ਪਠਾਨਕੋਟ ਵਿੱਚ ਬੀਜੇਪੀ ਦੀ ਜ਼ਿਲ੍ਹਾ ਪੱਧਰੀ ਬਜਟ ਕਮੇਟੀ ਨੇ ਅੱਜ ਇੱਕ ਮੀਟਿੰਗ ਦੌਰਾਨ ਕੇਂਦਰੀ ਬਜਟ ਦੀਆਂ ਪ੍ਰਾਪਤੀਆਂ ‘ਤੇ ਚਾਨਣਾ ਪਾਇਆ ਅਤੇ ਦਾਅਵਾ ਕੀਤਾ ਕਿ 2047 ਤੱਕ, ਭਾਰਤ ਨੂੰ ਇੱਕ ਵਿਕਸਿਤ ਦੇਸ਼ ਬਣਾਉਣ ਲਈ, ਬਜਟ ਵਿੱਚ ਵੱਡੇ ਪ੍ਰਬੰਧ ਕੀਤੇ ਗਏ ਨੇ। ਕਮੇਟੀ ਦੇ ਕਨਵੀਨਰ ਅਤੇ ਸਾਬਕਾ ਮੇਅਰ ਅਨਿਲ ਵਾਸੂਦੇਵਾ ਨੇ ਕਿਹਾ ਕਿ ਬਜਟ ਵਿੱਚ ਹਰ ਵਰਗ ਦਾ ਧਿਆਨ ਰੱਖਿਆ ਗਿਆ ਏ-

byte

ਫਤਿਹਗੜ੍ਹ ਸਾਹਿਬ ਵਿੱਚ, ਸਿਹਤ ਵਿਭਾਗ ਦੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੇ ਸਾਬਕਾ ਮੈਂਬਰ ਅਤੇ ਮੈਡੀਕਲ ਸੈੱਲ (ਭਾਜਪਾ) ਦੇ ਜ਼ਿਲ੍ਹਾ ਸਹਿ ਕਨਵੀਨਰ ਡਾ. ਅਮਿਤ ਸੰਦਲ ਨੇ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ, ਕੇਂਦਰੀ ਖਜ਼ਾਨਾ ਮੰਤਰੀ, ਨਿਰਮਲਾ ਸੀਤਾਰਮਨ ਨੇ ਲਗਾਤਾਰ ਨੌਵੀਂ ਵਾਰ ਇੱਕ ਸ਼ਾਨਦਾਰ ਬਜਟ ਪੇਸ਼ ਕੀਤਾ ਏ। ਉਨ੍ਹਾਂ ਕਿਹਾ ਕਿ, ਇਹ ਬਜਟ ਦੇਸ਼ ਨੂੰ ਆਤਮ-ਨਿਰਭਰਤਾ, ਤਰੱਕੀ ਅਤੇ ਵਿਕਾਸ ਦੇ ਰਾਹ 'ਤੇ ਅੱਗੇ ਵਧਣ 'ਚ ਮਦਦ ਕਰੇਗਾ। ਇਸ ਬਜਟ ਵਿੱਚ ਸਿੱਖਿਆ, ਰੁਜ਼ਗਾਰ ਅਤੇ ਖੇਤੀਬਾੜੀ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਏ। ਬਜਟ ਵਿੱਚ ਮੱਧ ਵਰਗ ਦੇ ਪਰਿਵਾਰਾਂ ਨੂੰ ਤਰਜੀਹ ਦਿੱਤੀ

ਗਈ ਏ। ਦੇਸ਼ ਨੂੰ ਮੈਡੀਕਲ ਹੱਬ ਬਣਾਉਣ, ਨਵੀਆਂ  ਆਯੁਰਵੈਦਿਕ ਸੰਸਥਾਵਾਂ ਖੋਲ੍ਹਣ ਅਤੇ ਫਾਰਮਾ ਸੈਕਟਰ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ, ਕੈਂਸਰ ਵਰਗੀਆਂ ਗੰਭੀਰ ਬੀਮਾਰਿਆਂ ਲਈ ਦਵਾਈਆਂ ਸਸਤੀਆਂ ਕੀਤੀਆਂ ਗਈਆਂ ਨੇ। ਇਸ ਤੋਂਨ ਇਲਾਵਾ ਵਪਾਰ ਅਤੇ MSMEs ਨੂੰ ਉਤਸ਼ਾਹਿਤ ਕਰਦਿਆਂ, ਆਮਦਨ ਟੈਕਸ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਏ।

-----------------------------------------------------------

ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਸ੍ਰੀ ਚੰਦਨ ਗਰੇਵਾਲ ਨੇ ਕਿਹੈ ਕਿ ਸੂਬਾ ਸਰਕਾਰ ਸਫਾਈ ਮੁਲਾਜ਼ਮਾਂ ਦੀ ਬਿਹਤਰੀ ਲਈ ਵਚਨਬੱਧ ਏ ਤੇ ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਵੱਲੋਂ ਸੂਬੇ ਦੇ ਵੱਖ-ਵੱਖ ਸਰਕਾਰੀ ਵਿਭਾਗਾਂ ’ਚ ਕੰਮ ਕਰਦੇ ਸਫ਼ਾਈ ਕਰਮਚਾਰੀਆਂ ਦੀ ਭਲਾਈ ਯਕੀਨੀ ਬਣਾਉਣ ’ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਇਹ ਗੱਲ ਓਹਨਾਂ ਬੱਚਤ ਭਵਨ ਵਿਖੇ ਵੱਖ-ਵੱਖ ਵਿਭਾਗਾਂ ਤੇ ਨਗਰ ਕੌਂਸਲ ਸਰਹਿੰਦ, ਅਮਲੋਹ, ਮੰਡੀ ਗੋਬਿੰਦਗੜ੍ਹ, ਬੱਸੀ ਪਠਾਣਾ ਤੇ ਨਗਰ ਪੰਚਾਇਤ ਖਮਾਣੋਂ ਦੇ ਅਧਿਕਾਰੀਆਂ ਅਤੇ ਸਫਾਈ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੀ. ਉਨ੍ਹਾਂ ਇਸ ਮੌਕੇ ਸਫਾਈ

ਕਰਮਚਾਰੀਆਂ ਨੂੰ ਦਰਪੇਸ਼ ਮੁਸ਼ਕਲਾਂ ਵੀ ਸੁਣੀਆਂ। ਉਨ੍ਹਾਂ ਕਿਹਾ ਕਿ ਸਫ਼ਾਈ ਕਰਮਚਾਰੀ ਸਮਾਜ ਦੀ ਰੀੜ੍ਹ ਨੇ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਏ ਕਿ ਉਨ੍ਹਾਂ ਨੂੰ ਸਨਮਾਨਜਨਕ ਜੀਵਨ ਅਤੇ ਜ਼ਰੂਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਗਰੇਵਾਲ ਨੇ ਕਿਹਾ ਕਿ ਬਹੁਤ ਸਾਰੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ। ਇਸ ਦੇ ਨਾਲ ਹੀ, ਕੁਝ ਮੰਗਾਂ ਨੇ ਜੋ ਸੂਬਾ ਪੱਧਰ 'ਤੇ ਨੇ, ਜਿਨ੍ਹਾਂ ਨੂੰ ਸੂਬਾ ਸਰਕਾਰ ਦੇ ਸਾਹਮਣੇ ਪੇਸ਼ ਕੀਤਾ ਜਾਵੇਗਾ, ਤਾਂ ਜੋ ਉਨ੍ਹਾਂ ਦਾ ਵੀ ਜਲਦ ਹੱਲ ਕੀਤਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਫ਼ਾਈ ਕਰਮਚਾਰੀਆਂ ਨੂੰ ਉਨ੍ਹਾਂ ਦੀ ਤਨਖਾਹ ਸਮੇਂ ਸਿਰ ਦਿੱਤੀ ਜਾਵੇ, ਸੁਰੱਖਿਆ ਉਪਕਰਣ ਅਤੇ ਲੋੜੀਂਦੀ ਸਿਖਲਾਈ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਏ ਕਿ ਕੋਈ ਵੀ ਕਰਮਚਾਰੀ ਅਣਗੌਲਿਆ ਮਹਿਸੂਸ ਨਾ ਕਰੇ।

---------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੀਤੇ ਦਿਨੀਂ ਲੰਬੀ ਹਲਕੇ ਦੇ ਪਿੰਡ ਤਰਮਾਲਾ ਵਿਖੇ ਲਗਭਗ 12 ਲੱਖ ਰੁਪਏ ਦੀ ਲਾਗਤ ਨਾਲ ਉਸਾਰੀ ਗਈ ਸ਼੍ਰੀ ਗੁਰੂ ਰਵੀਦਾਸ ਧਰਮਸ਼ਾਲਾ ਦਾ

ਉਦਘਾਟਨ ਕਰਕੇ ਇਸਨੂੰ ਲੋਕਾਂ ਨੂੰ ਸਮਰਪਿਤ ਕੀਤਾ। ਇਸ ਮੌਕੇ ਉਨ੍ਹਾਂ ਨੇ ਧਰਮਸ਼ਾਲਾ ਵਿੱਚ ਨਤਮਸਤਕ ਹੋ ਕੇ ਸ਼੍ਰੀ ਗੁਰੂ ਰਵੀਦਾਸ ਜੀ ਦਾ ਅਸ਼ੀਰਵਾਦ ਲਿਆ ਅਤੇ ਸਮੂਹ ਸੰਗਤ ਨੂੰ ਇਸ ਪਵਿੱਤਰ ਦਿਹਾੜੇ ਦੀ ਲੱਖ-ਲੱਖ ਵਧਾਈ ਦਿੱਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਸ਼੍ਰੀ ਗੁਰੂ ਰਵੀਦਾਸ ਜੀ ਨੇ ਸਮਾਜਿਕ ਬਰਾਬਰੀ, ਮਨੁੱਖਤਾ ਅਤੇ ਭਾਈਚਾਰਕ ਸਾਂਝ ਦਾ ਮਾਰਗ ਦਿਖਾਇਆ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਏ ਅਤੇ ਧਰਮਸ਼ਾਲਾ ਵਰਗੇ ਸਾਂਝੇ ਸਥਾਨ ਲੋਕਾਂ ਵਿੱਚ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕਰਨਗੇ।

---

## ਭਾਰਤੀ ਖਿਡਾਰਨਾਂ ਹਰਮਨਪ੍ਰੀਤ ਕੌਰ, ਸਮ੍ਰਿਤੀ ਮੰਧਾਨਾ ਅਤੇ ਸ਼ਤਰੰਜ ਮਾਹਿਰ ਦਿਵਿਆ ਦੇਸ਼ਮੁਖ, 2025 BBC Indian Sportswoman of the Year Awards ਲਈ ਨਾਮਜ਼ਦ ਹੋਈਆਂ ਨੇ. ਇੱਕ ਰਿਪੋਰਟ: V/C

ਕਪਤਾਨ ਹਰਮਨਪ੍ਰੀਤ ਕੌਰ ਨੇ 2025 ਵਿੱਚ ਮੈਚ ਜੇਤੂ ਕਾਰਗੁਜ਼ਾਰੀਆਂ ਦਿਖਾਉਂਦਿਆਂ ਭਾਰਤ ਨੂੰ ਆਪਣਾ ਪਹਿਲਾ ਔਰਤਾਂ ਦਾ ICC ਵਿਸ਼ਵ ਕੱਪ ਖਿਤਾਬ ਦਿਵਾਉਣ 'ਚ ਮੁੱਖ ਭੂਮਿਕਾ ਨਿਭਾਈ।, ਉਪ-ਕਪਤਾਨ ਸਮ੍ਰਿਤੀ ਮੰਧਾਨਾ ਨੇ ਆਪਣੀ ਸ਼ਾਨਦਾਰ ਫਾਰਮ ਜਾਰੀ ਰੱਖੀ, ਤੇ ਔਰਤਾਂ ਦੇ ਅੰਤਰਰਾਸ਼ਟਰੀ ਕ੍ਰਿਕੇਟ ਵਿੱਚ ਸਭ ਤੋਂ ਵੱਧ ਦੌੜਾਂ ਬਣਾਉਣ ਵਾਲੀਆਂ ਖਿਡਾਰਨਾਂ ਵਿੱਚੋਂ ਇੱਕ ਬਣ ਗਈ ਅਤੇ ਇੱਕ

ਭਾਰਤੀ ਖਿਡਾਰਨ ਵਜੋਂ ਸਭ ਤੋਂ ਤੇਜ਼ ਇੱਕ ਰੋਜ਼ਾ ਸੈਂਕੜਾ ਦਰਜ ਕੀਤਾ। ਸ਼ਤਰੰਜ ਸਟਾਰ ਦਿਵਿਆ ਦੇਸ਼ਮੁਖ ਨੇ ਔਰਤਾਂ ਦੇ FIDE ਵਿਸ਼ਵ ਕੱਪ ਦੀ ਪਹਿਲੀ ਭਾਰਤੀ ਅਤੇ ਸਭ ਤੋਂ ਛੋਟੀ ਉਮਰ ਦੀ ਜੇਤੂ ਬਣ ਕੇ ਇਤਿਹਾਸ ਰਚਿਆ, ਤੇ ਗ੍ਰੈਂਡਮਾਸਟਰ ਦਾ ਖਿਤਾਬ ਹਾਸਲ ਕੀਤਾ। ਨਿਸ਼ਾਨੇਬਾਜ਼ ਸੁਰੂਚੀ ਸਿੰਘ ਨੇ ISSF ਵਿਸ਼ਵ ਕੱਪ ਵਿੱਚ ਕਈ ਸੋਨ ਤਗਮਿਆਂ ਨਾਲ ਪ੍ਰਭਾਵਿਤ ਕੀਤਾ ਅਤੇ 10-ਮੀਟਰ ਏਅਰ ਪਿਸਟਲ ਸ਼੍ਰੇਣੀ ਵਿੱਚ ਵਿਸ਼ਵ ਨੰਬਰ ਇੱਕ 'ਤੇ ਪਹੁੰਚ ਗਈ। ਟ੍ਰੈਕ ਐਥਲੀਟ ਜੋਤੀ ਯਾਰਾਜੀ ਨੇ ਵੀ ਓਲੰਪਿਕ ਲਈ ਕੁਆਲੀਫਾਈ ਕਰਨ ਅਤੇ ਏਸ਼ੀਅਨ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤਣ ਤੋਂ ਬਾਅਦ ਸੁਰਖੀਆਂ ਬਟੋਰੀਆਂ। ਨਾਮਜ਼ਦ ਵਿਅਕਤੀਆਂ ਦੀ ਚੋਣ 2025 ਦੌਰਾਨ ਕਾਰਗੁਜ਼ਾਰੀਆਂ ਦਾ ਮੁਲਾਂਕਣ ਕਰਨ ਤੋਂ ਬਾਅਦ ਇੱਕ ਪ੍ਰਸਿੱਧ ਜਿਊਰੀ ਵਲੋਂ ਕੀਤੀ ਗਈ ਸੀ।

-----------------------------------------------------------

ਸਕੂਲ ਆਫ਼ ਆਰਟੀਫਿਸ਼ੀਅਲ ਇੰਟੈਲੀਜੈਂਸ ਐਂਡ ਡੇਟਾ ਇੰਜੀਨੀਅਰਿੰਗ, ਭਾਰਤੀ ਤਕਨੀਕੀ ਸੰਸਥਾਨ ਰੋਪੜ ਨੇ IIT ਰੋਪੜ ਕੈਂਪਸ ਵਿੱਚ ਸਕੂਲੀ ਵਿਦਿਆਰਥੀਆਂ ਲਈ ਇੱਕ AI ਜਾਗਰੂਕਤਾ ਪ੍ਰੋਗਰਾਮ ਕਰਾਇਆ. “AI ਜਾਗਰੂਕਤਾ ਪ੍ਰੋਗਰਾਮ: ਡਿਜੀਟਲ ਭਵਿੱਖ ਲਈ ਵਿਦਿਆਰਥੀਆਂ ਦੀ ਅਗਵਾਈ” ਸਿਰਲੇਖ ਨਾਲ ਕਰਾਇਆ ਗਿਆ ਇਹ ਪ੍ਰੋਗਰਾਮ ਇੰਡੀਆ AI ਇਮਪੈਕਟ ਸਮਿਟ 2026 ਜੋ 16 ਤੋਂ 20 ਫਰਵਰੀ, ਤੱਕ ਨਵੀਂ ਦਿੱਲੀ ਵਿੱਚ ਹੋਣਾ ਏ, ਤੋਂ ਪਹਿਲਾਂ ਦੀ ਗਤੀਵਿਧੀ ਵਜੋਂ ਕਰਾਇਆ ਗਿਆ ਸੀ. ਪ੍ਰੋਗਰਾਮ ਵਿੱਚ 75 ਤੋਂ ਵੱਧ ਸਕੂਲੀ ਵਿਦਿਆਰਥੀਆਂ ਦੀ ਉਤਸ਼ਾਹਪੂਰਣ ਹਿੱਸੇਦਾਰੀ ਦੇਖੀ ਗਈ ਅਤੇ ਇਸਦਾ ਉਦੇਸ਼ ARTIFICIAL INTELLIGENCE ਅਤੇ ਡਿਜੀਟਲ ਭਵਿੱਖ ਨੂੰ ਨੁਹਾਰ ਦੇਣ ਵਿੱਚ ਇਸਦੀ ਵਧਦੀ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।

---

ਭਾਰਤੀ ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ। ਮੌਸਮ ਵਿਭਾਗ ਮੁਤਾਬਿਕ ਕੱਲ੍ਹ ਤੱਕ ਉੱਤਰਾਖੰਡ ਅਤੇ ਜੰਮੂ-ਕਸ਼ਮੀਰ ਵਿੱਚ ਬਿਜਲੀ ਡਿੱਗਣ ਅਤੇ ਤੇਜ਼ ਹਵਾਵਾਂ ਦੇ ਨਾਲ ਗਰਜ-ਤੂਫਾਨ ਆਉਣ ਦੀ ਸੰਭਾਵਨਾ ਏ। ਮੌਸਮ ਏਜੰਸੀ ਨੇ ਕੱਲ੍ਹ ਤੱਕ ਪੱਛਮੀ ਹਿਮਾਲਈ ਖੇਤਰ ਵਿੱਚ ਕਿਸੇ -ਕਿਸੇ ਥਾਂ 'ਤੇ ਮੀਂਹ ਜਾਂ ਬਰਫ਼ਬਾਰੀ ਦੀ ਵੀ ਸੰਭਾਵਨਾ ਜਤਾਈ ਏ।

---------------------------------------------------------

- ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਕਿਹਾ, ਸਰਕਾਰ ਵਿਦਿਆਰਥਣਾਂ ਦੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਸਮਰੱਥ ਬਣਾਉਣ ਲਈ ਵਚਨਬੱਧ।

- ਸੁਪਰੀਮ ਕੋਰਟ ਨੇ ਅੱਜ ਸ਼ਿਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਮਨਜ਼ੂਰ ਕੀਤੀ।

- ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ, ਚੰਦਨ ਗਰੇਵਾਲ ਨੇ ਕਿਹੈ ਕਿ ਸਫ਼ਾਈ ਕਰਮਚਾਰੀਆਂ ਦੀ ਭਲਾਈ ਯਕੀਨੀ ਬਣਾਉਣ ’ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।
- ਭਾਰਤੀ ਖਿਡਾਰਨਾਂ ਹਰਮਨਪ੍ਰੀਤ ਕੌਰ, ਸਮ੍ਰਿਤੀ ਮੰਧਾਨਾ ਅਤੇ ਸ਼ਤਰੰਜ ਮਾਹਿਰ ਦਿਵਿਆ ਦੇਸ਼ਮੁਖ 2025 BBC Indian Sportswoman of the Year Awards ਲਈ ਨਾਮਜ਼ਦ.

- ਭਾਰਤੀ ਮੌਸਮ ਵਿਭਾਗ ਵਲੋਂ ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ.

---------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**